16ਵੀਂ ਵਿਧਾਨ ਸਭਾ
ਪਹਿਲਾ ਸਮਾਗਮ

## ਪੰਜਾਬ ਵਿਧਾਨ ਸਭਾ ਸਕੱਤਰੇਤ
(ਵਿਧਾਨ ਸ਼ਾਖਾ)

ਨੰ: 19-ਐਲ ਏ-2022/3801

ਨੋਟਿਸ ਪ੍ਰਾਪਤ ਹੋਇਆ ਹੈ ਕਿ ਨਿਮਨਲਿਖਤ ਪ੍ਰਸਤਾਵ ਸ਼ੁੱਕਰਵਾਰ, 1 ਅਪ੍ਰੈਲ, 2022 ਨੂੰ ਮੁੱਖ ਮੰਤਰੀ ਦੁਆਰਾ ਪੇਸ਼ ਕੀਤਾ ਜਾਵੇਗਾ ਕਿ:-

"ਇਹ ਸਦਨ ਸੰਕਲਪ ਕਰਦਾ ਹੈ ਕਿ ਪੰਜਾਬ ਵਿਧਾਨ ਸਭਾ (ਪੰਜਾਬ ਲੈਜਿਸਲੇਟਿਵ ਅਸੈਂਬਲੀ) ਦਾ ਚਾਲੂ ਸਮਾਗਮ ਜੋ ਕੁੱਝ ਜ਼ਰੂਰੀ ਅਤੇ ਮਹੱਤਵਪੂਰਨ ਸਰਕਾਰੀ ਕੰਮ-ਕਾਰ ਲਈ ਵਿਸ਼ੇਸ਼ ਸਮਾਗਮ ਹੈ, ਦੇ ਦੌਰਾਨ ਕੇਵਲ ਸਰਕਾਰੀ ਕੰਮ-ਕਾਰ ਹੀ ਕੀਤਾ ਜਾਵੇ ਅਤੇ ਹੋਰ ਕੋਈ ਵੀ ਕੰਮ-ਕਾਰ ਜਿਸ ਵਿਚ ਪ੍ਰਸ਼ਨ, ਧਿਆਨ ਦਿਵਾਊ ਨੋਟਿਸ ਅਤੇ ਕਿਸੇ ਪ੍ਰਾਈਵੇਟ ਮੈਂਬਰ ਦੁਆਰਾ ਪੇਸ਼ ਕੀਤੇ ਜਾਣ ਵਾਲਾ ਕੋਈ ਹੋਰ ਕੰਮ-ਕਾਰ ਵੀ ਸ਼ਾਮਲ ਹੈ, ਇਸ ਸਮਾਗਮ ਦੇ ਦੌਰਾਨ ਸਦਨ ਦੇ ਸਾਹਮਣੇ ਨਾ ਲਿਆਂਦਾ ਜਾਵੇ ਜਾਂ ਸਦਨ ਵਿਚ ਨਾ ਕੀਤਾ ਜਾਵੇ ਅਤੇ ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਵਿਚ ਇਸ ਵਿਸ਼ੇ ਨਾਲ ਸਬੰਧਤ ਨਿਯਮ ਉਸ ਹੱਦ ਤੱਕ ਮੁਅੱਤਲ ਕੀਤੇ ਗਏ ਸਮਝੇ ਜਾਣ।"

ਸੁਰਿੰਦਰ ਪਾਲ,
ਸਕੱਤਰ।

ਚੰਡੀਗੜ੍ਹ:
31 ਮਾਰਚ, 2022

ਸੇਵਾ ਵਿਚ

ਪੰਜਾਬ ਵਿਧਾਨ ਸਭਾ ਦੇ ਸਮੂਹ ਮੈਂਬਰ ਸਾਹਿਬਾਨ ।

---

ਨੰ: 19-ਐਲ ਏ-2022/3802 ਮਿਤੀ ਚੰਡੀਗੜ੍ਹ, 31 ਮਾਰਚ, 2022

ਕਾਪੀ ਨਿਮਨਲਿਖਤ ਨੂੰ ਸੂਚਨਾ ਲਈ ਭੇਜੀ ਜਾਂਦੀ ਹੈ-

1. ਮੁੱਖ ਸਕੱਤਰ, ਪੰਜਾਬ ਸਰਕਾਰ;
2. ਸਾਰੇ ਵਧੀਕ ਮੁੱਖ ਸਕੱਤਰ/ ਵਿੱਤੀ ਕਮਿਸ਼ਨਰ/ ਪ੍ਰਮੁੱਖ ਸਕੱਤਰ/ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ; ਅਤੇ
3. ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸੰਸਦੀ ਮਾਮਲੇ ਵਿਭਾਗ (ਚਾਰ ਵਾਧੂ ਕਾਪੀਆਂ ਸਮੇਤ)।

ਵਧੀਕ ਸਕੱਤਰ,
ਵਾਸਤੇ ਸਕੱਤਰ।